# Seminar on "Free Legal Services"

## Seminar on Free Legal Aid

## NSS Department

## October 14, 2021

A lecture on "Free legal aid" was organized by the NSS Department on 14 October 2021. The district legal authority advocates- Rajinder Pal Kaur Dhillon and Davinder Kaur said that apart from girls, old people and people from weaker sections, general class people whose annual income is less than three lakhs can get free legal aid. On this occasion, 10 teachers and about 100 students were present.

Principal
Nehru Memorial Govt. College
Mansa

# ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਦੱਸਿਆ

**ਪੱਤਰ ਪ੍ਰੇਰਕ, ਮਾਨਸਾ** : ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਥਾਨਕ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਵਿਖੇ ਮੁਫ਼ਤ ਕਾਨੂੰਨੀ ਸਹਾਇਤਾ ਸਬੰਧੀ ਲੈਕਚਰ ਕੀਤਾ ਗਿਆ। ਐਡਵੋਕੇਟ ਰਾਜਿੰਦਰਪਾਲ ਕੌਰ ਢਿੱਲੋਂ ਨੇ ਵਿਦਿਆਰਥੀ ਦੇ ਮੁਖਾਤਿਬ ਹੁੰਦਿਆਂ ਦੱਸਿਆ ਕਿ ਲੜਕੀਆਂ, ਬੁਜ਼ਰਗ ਤੇ ਕਮਜ਼ੋਰ ਵਰਗਾਂ ਦੇ ਲੋਕਾਂ ਤੋਂ ਇਲਾਵਾ ਆਮ ਵਰਗ ਦੇ ਲੋਕ ਜਿਨ੍ਹਾਂ ਦੀ ਸਲਾਨਾ ਆਮਦਨ ਤਿੰਨ ਲੱਖ ਰੁਪਏ ਤੋਂ ਘੱਟ ਹੈ, ਉਹ ਮੁਫ਼ਤ ਕਾਨੂੰਨੀ ਸੇਵਾਵਾਂ ਦਾ ਲਾਭ ਲੈ ਸਕਦੇ ਹਨ। ਐਡਵੋਕੇਟ ਢਿੱਲੋਂ ਨੇ ਦੱਸਿਆ ਕਿ ਪਰਿਵਾਰਕ ਕਲੇਸ਼, ਘਰੇਲੂ ਹਿੰਸਾ, ਬੁਜ਼ਰਗਾਂ ਦੀ ਪੈਨਸ਼ਨ, ਬਿਜਲੀ ਤੇ ਵਾਟਰ ਸਪਲਾਈ ਦੇ ਬਿਲਾਂ ਤੋਂ ਇਲਾਵਾ ਸੜਕ ਦੁਰਘਟਨਾਵਾਂ ਆਦਿ ਮਾਮਲੇ ਸਬੰਧੀ ਸਥਾਈ ਲੋਕ ਅਦਾਲਤ 'ਚ ਕੇਸ ਦਾਇਰ ਕਰਕੇ ਮੁਫ਼ਤ ਨਿਆਂ ਲੈ ਸਕਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸਥਾਈ ਲੋਕ ਅਦਾਲਤ ਵੱਲੋਂ ਕੀਤੇ ਗਏ ਫੈਸਲੇ ਨੂੰ ਕਿਤੇ ਵੀ ਚੁਣੌਤੀ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਦੱਸਿਆ ਕਿ ਸਥਾਈ ਲੋਕ ਅਦਾਲਤ 'ਚ ਬਿਨੈ-ਪੱਤਰ ਦੇਣ 'ਤੇ ਹੀ ਸੁਣਵਾਈ ਕਰਕੇ ਜਲਦੀ ਤੇ ਮੁਫ਼ਤ ਨਿਆਂ ਦਿੱਤਾ ਜਾਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਆਪਣੇ ਪਿੰਡਾਂ-ਸ਼ਹਿਰਾਂ 'ਚ ਲੋਕਾਂ ਨੂੰ ਮਿਲਣ ਵਾਲੀਆਂ ਮੁਫ਼ਤ ਕਾਨੂੰਨੀ ਸਹਾਇਤਾ ਸਬੰਧੀ ਜਾਗਰੂਕ ਕਰਨ ਤਾਂ ਜੋ ਵੱਧ ਤੋਂ ਵੱਧ ਲੋਕ ਇਸਦਾ ਲਾਹਾ ਲੈ ਸਕਣ। ਐਡਵੋਕੇਟ ਦਵਿੰਦਰ ਕੌਰ ਨੇ ਲੜਕੀਆਂ ਨੂੰ ਪੇਸ਼ ਆਉਣ ਵਾਲੀਆਂ ਸਮੱਸਿਆਵਾਂ ਬਾਰੇ ਦੱਸਦਿਆਂ ਮੁਫ਼ਤ ਕਾਨੂੰਨੀ ਸਹਾਇਤਾ ਦਾ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀ ਜਸਪ੍ਰੀਤ ਸਿੰਘ,ਸਤਨਾਮ ਸਿੰਘ,ਜਸਵੀਰ ਸਿੰਘ ਆਦਿ ਵੱਲੋਂ ਕੀਤੇ ਸਵਾਲਾਂ ਦਾ ਜਵਾਬ ਬੁਲਾਰਿਆਂ ਵੱਲੋਂ ਦਿੱਤਾ ਗਿਆ। ਇਸ ਮੌਕੇ ਸੰਬੋਧਨ ਤੇ ਸ਼ਾਮਲ ਹੋਣ ਵਾਲਿਆਂ 'ਚ ਪ੍ਰੋ. ਰਾਵਿੰਦਰ ਸਿੰਘ, ਪ੍ਰੋ.ਅੰਬੇਸ਼ ਭਾਰਦਵਾਜ, ਪ੍ਰੋ.ਕੁਲਦੀਪ ਸਿੰਘ ਢਿੱਲੋਂ, ਪ੍ਰੋ.ਜੋਤੀ, ਪ੍ਰੋ.ਆਸ਼ੂ ਗਰਗ, ਪ੍ਰੋ. ਕੁਲਦੀਪ ਸਿੰਘ ਚੌਹਾਨ, ਪ੍ਰੋ.ਅਮਨਦੀਪ ਸਿੰਘ ਤੇ ਪ੍ਰੋ. ਤਨਵੀਰ ਸਿੰਘ ਆਦਿ ਸਨ।



ਜਾਣਕਾਰੀ ਦਿੰਦੇ ਹੋਏ ਐਡਵੋਕੇਟ ਦਵਿੰਦਰ ਕੌਰ।